

# SIKHS IN INDIA

# TAV PRASAD SAVAIYE in English & Punjabi

https://Sikhsinindia.com
Email: sikhsinindia@gmail.com

**ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥**

**Ik Oangkar Shri waheguru ji ki fateh.**

**ਪਾਤਸਾਹੀ ੧੦ ॥**

**paatsaahi dasvee.**

**ਤ੍ਵ ਪ੍ਰਸਾਦਿ ॥ ਸ੍ਵੈਯੇ ॥**

**Tav prasad saviaye.**

**ਸ੍ਰਾਵਗ ਸੁਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰਿ ਜੋਗਿ ਜਤੀ ਕੇ ॥**

Sraavag sudh samuh sidhaan ke dekh phirio ghar Jog jati ke.

**ਸੂਰ ਸੁਰਾਰਦਨ ਸੁਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥**

Sur suraardan sudh sudhaadik sant samuh anek mati ke.

**ਸਾਰੇ ਹੀ ਦੇਸ ਕੋ ਦੇਖਿ ਰਹਿਯੋ ਮਤ ਕੋਊ ਨ ਦੇਖੀਅਤ ਪ੍ਰਾਨ ਪਤੀ ਕੇ ॥**

Saare hi des ko dekh rahio mat kou na dekhiat praan pati ke.

**ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂੰ ਤੇ ਏਕ ਰਤੀ ਬਿਨੁ ਏਕ ਰਤੀ ਕੇ ॥੧॥੨੧॥**

Siri bhagwaan ki bhai kripaa hu te ek rati bin ek rati ke.

**ਮਾਤੇ ਮਤੰਗ ਜਰੇ ਜਰ ਸੰਗਿ ਅਨੂਪ ਉਤੰਗ ਸੁਰੰਗ ਸਵਾਰੇ ॥**

Maate matang jare jar sang anup utang surang savaare.

**ਕੋਟਿ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕੋ ਜਾਤ ਨਿਵਾਰੇ ॥**

Kot turang kurang se kudat paun ko gaun ke jat nivaare.

**ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ ॥**

Bhari bhujan ke bhup bhali bidh niaavat sis na jaat bichaare.

**ਏਤੇ ਭਏ ਤੋ ਕਹਾ ਭਏ ਭੂਪਤਿ ਅੰਤ ਕੋ ਨਾਗੇ ਹੀ ਪਾਇ ਪਧਾਰੇ ॥੨॥੨੨॥**

Ete bhae tu kahaa bhae bhupat ant ko naange hi paae padhaare.

**ਜੀਤ ਫਿਰੇ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ ॥**

Jit pherai sabh des disaan ko bajat dhol mridang nagaare.

**ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੀ ਹਯ ਰਾਜ ਹਜਾਰੇ ॥**

Gunjat gur gajaan ke sundar hinsat hi hayraj hajaare.

**ਭੂਤ ਭਵਿਖ ਭਵਾਨ ਕੇ ਭੂਪਤਿ ਕਉਨ ਗਨੈ ਨਹੀ ਜਾਤ ਬਿਚਾਰੇ ॥**

Bhut bhavikh bhavaan ke bhupat kaun ganai nahi jat bichaare.

**ਸ੍ਰੀ ਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕੋ ਅੰਤ ਕੇ ਧਾਮ ਸਿਧਾਰੇ ॥੩॥੨੩॥**

Siri pat siri bhagvaan bhaje bin ant ko ant ke dhaam sidhaare

**ਤੀਰਥ ਨ੍ਹਾਨ ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੈ ॥**

Tirath naan dayaa dam daan su sanjam nem anek bisekhai.

**ਬੇਦ ਪੁਰਾਨ ਕਤੇਬ ਕੁਰਾਨ ਜਿਮੀਨ ਜਮਾਨ ਸਬਾਨ ਕੇ ਪੇਖੇ ॥**

Beyd puraan kateb kuraan jamin jamaan sabaan ke pekhai.

**ਪਉਨ ਅਹਾਰ ਜਤੀ ਜਤ ਧਾਰਿ ਸਬੈ ਸੁ ਬਿਚਾਰ ਹਜਾਰਕ ਦੇਖੇ ॥**

Paun ahaar jati jat dhaar sabai su bichaar hajaark dekhai.

**ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੈ ॥੪॥੨੪॥**

Siri Bhagvaan bhaje bin bhupat ek rati bin ek na lekhai.॥੪॥੨੪॥

**ਸੁਧ ਸਿਪਾਹ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ ॥**

Sudh sipaah durant dubaah su saaj sanaah durjaan dalainge.

**ਭਾਰੀ ਗੁਮਾਨ ਭਰੇ ਮਨ ਮੈ ਕਰਿ ਪਰਬਤ ਪੰਖ ਹਲੈ ਨ ਹਲੈਂਗੇ ॥**

Bhari guman bhare man mai kar parbat pankh hale na halainge.

**ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨ ਮਾਨ ਮਲੈਂਗੇ ॥**

Tor areen maror mavaasan maate matangan maan malainge.

**ਸ੍ਰੀਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗਿ ਜਹਾਨੁ ਨਿਦਾਨ ਚਲੈਂਗੇ ॥੫॥੨੫॥**

Siri pat siri bhagvaan kripaa bin tiaag jahaan nidaan chalainge.

**ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛਯਾ ॥**

Bir apaar bade bariar ab chaareh saar ki dhaar bhachhaya.

**ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲਯਾ ॥**

Torath des malind mavaasan maate gajan ke maan malayya.

**ਗਾੜ੍ਹੇ ਗੜਾਨ ਕੇ ਤੋੜਨਹਾਰ ਸੁ ਬਾਤਨ ਹੀ ਚਕ ਚਾਰ ਲਵਯਾ ॥**

Gaare garaan ko toranhaar su batan hin chak char lavayaa.

**ਸਾਹਿਬੁ ਸ੍ਰੀ ਸਭ ਕੋ ਸਿਰਨਾਇਕ ਜਾਚਕ ਅਨੇਕ ਸੁ ਏਕ ਦਿਵਯਾ ॥੬॥੨੬॥**

Saahib siri sabh ko sirnaaik jaachak anek su ek divayaa.

**ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿਖ ਭਵਾਨ ਜਪੈਂਗੇ ॥**

Daanav dev phanind nisaachar bhut bhavik bhavaan japainge.

**ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ ਮੈ ਸਭ ਥਾਪ ਥਪੈਂਗੇ ॥**

Jiv jite jal mai thal mai pal hi pal mai sabh thap thapainge.

**ਪੁੰਨ ਪ੍ਰਤਾਪਨ ਬਾਢਿ ਜੈਤ ਧੁਨਿ ਪਾਪਨ ਕੈ ਬਹੁ ਪੁੰਜ ਖਪੈਂਗੇ ॥**

Punn prataapan baadh jai dhun paapan ke bahu punj khapainge.

**ਸਾਧ ਸਮੂਹ ਪ੍ਰਸੰਨ ਫਿਰੈ ਜਗਿ ਸਤ੍ਰ ਸਭੈ ਅਵਿਲੋਕਿ ਚਪੈਂਗੇ ॥੭॥੨੭॥**

Saadh samuh prasan phirai jag satr sabhai avlok chaipainge.
॥੭॥੨੭॥

**ਮਾਨਵ ਇੰਦ੍ਰ ਗਜਿੰਦ੍ਰ ਨਰਾਧਿਪ ਜੌਨ ਤ੍ਰਿਲੋਕ ਕੋ ਰਾਜੁ ਕਰੈਂਗੇ ॥**

Maanav indr gajindr naraadhap jon trilok ko raaj karainge.

**ਕੋਟਿ ਇਸਨਾਨ ਗਜਾਦਿਕ ਦਾਨਿ ਅਨੇਕ ਸੁਅੰਬਰ ਸਾਜਿ ਬਰੈਂਗੇ ॥**

Kot isnaan gajaadik daan anek suanbar saaj barainge.

**ਬ੍ਰਹਮ ਮਹੇਸੁਰ ਬਿਸਨੁ ਸਚੀਪਤਿ ਅੰਤਿ ਫਸੇ ਜਮ ਫਾਸਿ ਪਰੈਂਗੇ ॥**

Brahm mahesar bisan sachipat ant phase jam phaas parainge.

**ਜੇ ਨਰ ਸ੍ਰੀਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰਿ ਨ ਦੇਹ ਧਰੈਂਗੇ ॥੮॥੨੮॥**

Je nar siri pat ke pras hain pag te nar pher na deh dharainge.

**ਕਹਾ ਭਯੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ ਧਯਾਨ ਲਗਾਇਓ ॥**

Kaha bhayo jo dou lochan mund kai baith rahio bak dhian lagaaeo.

**ਨ੍ਹਾਤ ਫਿਰਿਓ ਲੀਏ ਸਾਤ ਸਮੁੰਦ੍ਰਨ ਲੋਕ ਗਇਓ ਪਰਲੋਕ ਗਵਾਇਓ ॥**

Nhat phirio leeai sat samundran lok gayo parlok gavaio.

**ਬਾਸੁ ਕੀਓ ਬਿਖਿਆਨ ਸੋ ਬੈਠ ਕੇ ਐਸੇ ਹੀ ਐਸ ਸੁ ਬੈਸ ਬਿਤਾਇਓ ॥**

Bas kio bikhian so baith kai aise hi aise su bais bitaio.

**ਸਾਚੁ ਕਹੌਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ ॥੯॥੨੯॥**

Sach kahon sun leho sabai jin prem kio tin hee prabh paio.॥੯॥੨੯॥

**ਕਾਹੂੰ ਲੈ ਪਾਹਨ ਪੂਜ ਧਰਿਓ ਸਿਰਿ ਕਾਹੂੰ ਲੈ ਲਿੰਗੁ ਗਰੇ ਲਟਕਾਇਓ ॥**

Kahu lai pahan puj dhario sir kahu lai ling gare latkaio.

**ਕਾਹੂੰ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂੰ ਪਛਾਹ ਕੋ ਸੀਸ ਨਿਵਾਇਓ ॥**

Kaahu likhio har avaachi disaa meh kahu pachhaah ko sis nivaio.

**ਕੋਊ ਬੁਤਾਨ ਕੌ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੌ ਪੂਜਨ ਧਾਇਓ ॥**

Kauo butaan ko pujat hai pas kou mritaan ko pujan dhaio.

**ਕੂਰ ਕ੍ਰਿਆ ਉਰਝਿਓ ਸਭ ਹੀ ਜਗੁ ਸ੍ਰੀ ਭਗਵਾਨ ਕੌ ਭੇਦੁ ਨ ਪਾਇਓ ॥੧੦॥੩੦॥**

Kur kriaa urjhio sabh hi jag sri bhagwaan ko bhed na paaio.॥੧੦॥੩੦॥

**ਵਾਹਿਗੁਰੂ ਜੀ ਕਾ ਖਾਲਸਾ**
**ਵਾਹਿਗੁਰੂ ਜੀ ਕੀ ਫਤਹਿ ॥**

**Waheguru Ji Ka Khalsa**
**Waheguru Ji Ki Fateh.**